Tape/CD: 1302

# ਪੰਨਾ ੧੦੦੫-੧੦੦੬

ਮਾਰੂ ਮਹਲਾ ੫ ॥ ਪਤਿਤ ਉਧਾਰਨ ਤਾਰਨ ਬਲਿ ਬਲਿ ਬਲੇ ਬਲਿ ਜਾਈਐ ॥ ਐਸਾ ਕੋਈ ਭੇਟੈ ਸੰਤੁ ਜਿਤੁ ਹਰਿ ਹਰੇ ਹਰਿ ਧਿਆਈਐ ॥ ੧ ॥ ਮੋ ਕਉ ਕੋਇ ਨ ਜਾਨਤ ਕਹੀਅਤ ਦਾਸੁ ਤੁਮਾਰਾ ॥ ਏਹਾ ਓਟ ਆਧਾਰਾ ॥ ੧ ॥ ਰਹਾਉ ॥ ਸਰਬ ਧਾਰਨ ਪ੍ਰਤਿਪਾਰਨ ਇਕ ਬਿਨਉ ਦੀਨਾ ॥ ਤੁਮਰੀ ਬਿਧਿ ਤੁਮ ਹੀ ਜਾਨਹੁ ਤੁਮ ਜਲ ਹਮ ਮੀਨਾ ॥ ੨ ॥ ਪੂਰਨ ਬਿਸਥੀਰਨ ਸੁਆਮੀ ਆਹਿ ਆਇਓ ਪਾਛੈ ॥ ਸਗਲੋ ਭੂ ਮੰਡਲ ਖੰਡਲ ਪ੍ਰਭ ਤੁਮ ਹੀ ਆਛੈ ॥ ੩ ॥ ਅਟਲ ਅਖਇਓ ਦੇਵਾ ਮੋਹਨ ਅਲਖ ਅਪਾਰਾ ॥ ਦਾਨੁ ਪਾਵਉ ਸੰਤਾ ਸੰਗੁ ਨਾਨਕ ਰੇਨੁ ਦਾਸਾਰਾ ॥ ੪ ॥ ੬ ॥ ੨੨ ॥

Tape/CD: 1302

# ਪੰਨਾ ੨੯੩

ਸਲੋਕੁ ॥ ਗਿਆਨ ਅੰਜਨੁ ਗੁਰਿ ਦੀਆ ਅਗਿਆਨ ਅੰਧੇਰ ਬਿਨਾਸੁ
॥ ਹਰਿ ਕਿਰਪਾ ਤੇ ਸੰਤ ਭੇਟਿਆ ਨਾਨਕ ਮਨਿ ਪਰਗਾਸੁ ॥ ੧ ॥
ਅਸਟਪਦੀ ॥ ਸੰਤਸੰਗਿ ਅੰਤਰਿ ਪ੍ਰਭੁ ਡੀਠਾ ॥ ਨਾਮੁ ਪ੍ਰਭੂ ਕਾ
ਲਾਗਾ ਮੀਠਾ ॥ ਸਗਲ ਸਮਿਗ੍ਰੀ ਏਕਸੁ ਘਟ ਮਾਹਿ ॥ ਅਨਿਕ
ਰੰਗ ਨਾਨਾ ਦ੍ਰਿਸਟਾਹਿ ॥ ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ ॥
ਦੇਹੀ ਮਹਿ ਇਸ ਕਾ ਬਿਸ੍ਰਾਮੁ ॥ ਸੁੰਨ ਸਮਾਧਿ ਅਨਹਤ ਤਹ ਨਾਦ
॥ ਕਹਨੁ ਨ ਜਾਈ ਅਚਰਜ ਬਿਸਮਾਦ ॥ ਤਿਨਿ ਦੇਖਿਆ ਜਿਸੁ
ਆਪਿ ਦਿਖਾਏ ॥ ਨਾਨਕ ਤਿਸੁ ਜਨ ਸੋਝੀ ਪਾਏ ॥ ੧ ॥

Tape/CD: 1302

# ਪੰਨਾ ੧੨੬੯

ਮਲਾਰ ਮਹਲਾ ੫ ॥ ਅਬ ਅਪਨੇ ਪ੍ਰੀਤਮ ਸਿਉ ਬਨ ਆਈ ॥ ਰਾਜਾ ਰਾਮੁ ਰਮਤ ਸੁਖੁ ਪਾਇਓ ਬਰਸੁ ਮੇਘ ਸੁਖਦਾਈ ॥ ੧ ॥ ਰਹਾਉ ॥ ਇਕੁ ਪਲੁ ਬਿਸਰਤ ਨਹੀ ਸੁਖ ਸਾਗਰੁ ਨਾਮੁ ਨਵੈ ਨਿਧਿ ਪਾਈ ॥ **ਊਦੌਤੁ ਭਇਓ ਪੂਰਨ ਭਾਵੀ ਕੋ ਭੇਟੇ ਸੰਤ ਸਹਾਈ ॥** ੧ ॥ ਸੁਖ ਉਪਜੇ ਦੁਖ ਸਗਲ ਬਿਨਾਸੇ ਪਾਰਬ੍ਰਹਮ ਲਿਵ ਲਾਈ ॥ ਤਰਿਓ ਸੰਸਾਰੁ ਕਠਿਨ ਭੈ ਸਾਗਰੁ ਹਰਿ ਨਾਨਕ ਚਰਨ ਧਿਆਈ ॥ ੨ ॥ ੬ ॥ ੧੦ ॥

Tape/CD: 1302

# ਪੰਨਾ ੧੯੦-੧੯੧

ਗਉੜੀ ਮਹਲਾ ੫ ॥ ਕਲਿ ਕਲੇਸ ਗੁਰ ਸਬਦਿ ਨਿਵਾਰੇ ॥ ਆਵਣ ਜਾਣ ਰਹੇ ਸੁਖ ਸਾਰੇ ॥ ੧ ॥ ਭੈ ਬਿਨਸੇ ਨਿਰਭਉ ਹਰਿ ਧਿਆਇਆ ॥ ਸਾਧਸੰਗਿ ਹਰਿ ਕੇ ਗੁਣ ਗਾਇਆ ॥ ੧ ॥ ਰਹਾਉ ॥ ਚਰਨ ਕਵਲ ਰਿਦ ਅੰਤਰਿ ਧਾਰੇ ॥ ਅਗਨਿ ਸਾਗਰ ਗੁਰਿ ਪਾਰਿ ਉਤਾਰੇ ॥ ੨ ॥ ਬੂਡਤ ਜਾਤ ਪੂਰੈ ਗੁਰਿ ਕਾਢੇ ॥ ਜਨਮ ਜਨਮ ਕੇ ਟੂਟੇ ਗਾਢੇ ॥ ੩ ॥ ਕਹੁ ਨਾਨਕ ਤਿਸੁ ਗੁਰ ਬਲਿਹਾਰੀ ॥ ਜਿਸੁ ਭੇਟਤ ਗਤਿ ਭਈ ਹਮਾਰੀ ॥ ੪ ॥ ੫੬ ॥ ੧੨੫ ॥